# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:23-03-2024**

ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਅੱਜ ਸ਼ਹੀਦੀ ਦਿਵਸ ਏ। ਇਸ ਮੌਕੇ ਤੇ ਪੰਜਾਬ ਸਮੇਤ ਦੇਸ਼ ਭਰ ਵਿਚ ਇਨਾਂ ਸ਼ਹੀਦਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਜਾ ਰਹੀਆਂ ਨੇ। ਪੰਜਾਬ ਵਿਚ ਸ਼ਹੀਦ ਭਗਤ ਸਿੰਘ ਨਗਰ ਜ਼ਿਲੇ ਦੇ ਖਟਕੜਕਲਾਂ ਸਥਿਤ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਦੀ ਯਾਦਗਾਰ ਅਤੇ ਫਿਰੋਜ਼ਪੁਰ ਜ਼ਿਲੇ ਦੇ ਹੁਸੈਨੀਵਾਲਾ ਵਿਖੇ ਕੌਮੀ ਸ਼ਹੀਦੀ ਯਾਦਗਾਰ ਤੇ ਵਿਸ਼ੇਸ਼ ਸ਼ਹੀਦੀ ਸਮਾਗਮ ਕਰਵਾਏ ਜਾ ਰਹੇ ਨੇ। ਵੱਡੀ ਗਿਣਤੀ ਵਿੱਚ ਲੋਕ ਦੇਸ਼ ਦੇ ਇਨਾਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰ ਰਹੇ ਨੇ।

**ਵੇਰਵੇ ਨਾਲ ਇਹ ਰਿਪੋਰਟ:***ਡਿਸਪੈਚ: ਸ਼ਹੀਦੋਂ ਕੀ ਚਿਤਾਓਂ ਪਰ ਲਗੇਂਗੇ ਹਰ ਬਰਸ ਮੇਲੇ ਬਸ ਯਹੀ ਉਨਕਾ ਆਖਰੀ ਨਿਸ਼ਾਂ ਹੋਗਾ -ਠੀਕ ਇਨਾਂ ਸਤਰਾਂ ਮੁਤਾਬਕ ਅੱਜ ਦੇਸ਼ ਦੇ ਇਨਾਂ ਮਹਾਨ ਸ਼ਹੀਦਾਂ ਨੂੰ ਪੂਰੀ ਸ਼ਰਧਾ*

ਨਾਲ ਯਾਦ ਕੀਤਾ ਜਾ ਰਿਹਾ ਏ। ਸਨ 1931 ਵਿਚ ਅੱਜ ਦੇ ਹੀ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਲਾਹੌਰ ਦੀ ਸੇਂਟਰਲ ਜੇਲ ਵਿਚ ਇਨਕਲਾਬ ਜਿੰਦਾਬਾਦ ਦੇ ਨਾਰੇ ਲਗਾਉਂਦਿਆਂ ਫਾਂਸੀ ਦੇ ਫੰਦੇ ਨੂੰ ਹੱਸਦੇ ਹੱਸਦੇ ਚੁੰਮ ਲਿਆ ਸੀ। ਹਾਲਾਂਕਿ ਉਨਾਂ ਦੀ ਫਾਂਸੀ ਦੀ ਤਾਰੀਕ 24 ਮਈ 1931 ਰੱਖੀ ਗਈ ਸੀ ਪਰ ਉਦੋਂ ਦੀ ਅੰਗਰੇਜ ਹਕੂਮਤ ਨੇ ਡਰ ਕਾਰਣ ਇਨਾਂ ਤਿੰਨਾਂ ਨੂੰ ਸਮੇਂ ਤੋਂ ਪਹਿਲਾਂ ਹੀ ਫਾਂਸੀ ਦੇ ਦਿੱਤੀ ਸੀ। ਮਗਰੋਂ ਫਿਰੋਜ਼ਪੁਰ ਜ਼ਿਲੇ ਦੇ ਹੁਸੈਨੀਵਾਲਾ ਵਿਖੇ ਉਨਾਂ ਦਾ ਅੰਤਿਮ ਸਸਕਾਰ ਕੀਤਾ ਗਿਆ ਜਿਥੇ ਉਨਾਂ ਦੀ ਯਾਦ ਵਿਚ ਕੌਮੀ ਸ਼ਹੀਦੀ ਯਾਦਗਾਰ ਮੌਜੂਦ ਏ। ਭਗਤ ਸਿੰਘ ਦੇ ਦਾਦਾ ਅਰਜੁਨ ਸਿੰਘ ਅਤੇ ਉਨ੍ਹਾਂ ਦੇ ਤਿੰਨ ਪੁੱਤਰ - ਕਿਸ਼ਨ ਸਿੰਘ, ਅਜੀਤ ਸਿੰਘ ਤੇ ਸਵਰਨ ਸਿੰਘ ਪ੍ਰਸਿੱਧ ਆਜ਼ਾਦੀ ਘੁਲਾਟੀਏ ਸਨ ਇਸ ਲਈ ਭਗਤ ਸਿੰਘ ਨੂੰ ਦੇਸ਼ਭਕਤੀ ਤਾਂ ਵਿਰਾਸਤ ਵਿਚ ਹੀ ਮਿਲੀ ਸੀ। ਸਨ 13 ਅਪ੍ਰੈਲ 1919 ਨੂੰ ਹੋਏ ਜਲ੍ਹਿਆਂਵਾਲਾ ਬਾਗ ਦੇ ਸਾਕੇ ਦਾ ਭਗਤ ਸਿੰਘ 'ਤੇ ਡੂੰਘਾ ਅਸਰ ਪਿਆ ਸੀ ਅਤੇ ਉਹ ਖੁਲ ਕੇ ਆਜ਼ਾਦੀ ਦੀ ਲੜਾਈ ਵਿਚ ਸ਼ਾਮਲ ਹੋ ਗਏ ਸਨ। ਭਗਤ ਸਿੰਘ ਦੀ ਸ਼ਹਾਦਤ ਤੋਂ ਬਾਅਦ ਉਨ੍ਹਾਂ ਦੇ ਕਰੀਬੀ ਦੋਸਤ ਭਗਵਤੀ

*ਚਰਨ ਵੋਹਰਾ ਦੀ ਪਤਨੀ ਦੁਰਗਾ ਭਾਭੀ, ਜਿਹੜੇ ਖੁਦ ਇੱਕ ਕ੍ਰਾਂਤੀਕਾਰੀ ਯੋਧਾ ਸਨ, ਨੇ ਕਿਹਾ ਸੀ, "ਫਾਂਸੀ ਉਨ੍ਹਾਂ ਦਾ ਮੰਡਪ ਬਣ ਗਈ, ਫਾਹੀ ਉਨਾਂ ਦੀ ਮਾਲਾ ਅਤੇ ਮੌਤ ਉਨਾਂ ਦੀ ਦੁਲਹਨ ਬਣ ਗਈ। ਦੇਸ਼ ਲਈ ਅਮਰ ਹੋਏ ਇਨਾਂ ਮਹਾਨ ਸ਼ਹੀਦਾਂ ਨੂੰ ਸ਼ਤ ਸ਼ਤ ਨਮਨ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-------------------------------------------------

ਲੋਕ ਸਭਾ ਚੋਣਾਂ ਦੌਰਾਨ ਸਿਆਸੀ ਪਾਰਟੀਆਂ/ਉਮੀਦਵਾਰਾਂ ਨੂੰ ਚੋਣ ਪ੍ਰਚਾਰ ਸਬੰਧੀ ਵੱਖ-ਵੱਖ ਕਿਸਮਾਂ ਦੀਆਂ ਇਜ਼ਾਜਤਾ ਦੇਣ ਦੀ ਪ੍ਰੀਕ੍ਰਿਆ ਨੂੰ ਸੁਖਾਲਾ ਬਣਾਉਣ ਲਈ ਫਰੀਦਕੋਟ ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਸੇਵਾ ਕੇਂਦਰ ਵਿਖੇ ਸਿੰਗਲ ਵਿੰਡੋ ਪ੍ਰਣਾਲੀ ਸਥਾਪਿਤ ਕੀਤੀ ਏ। ਫ਼ਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਇਜ਼ਾਜਤ ਸਬੰਧੀ ਐੱਨ.ਓ.ਸੀ. ਲੈਣ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਲਈ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 26 ਅਧੀਨ ਜ਼ਿਲ੍ਹਾ ਪੱਧਰ ਤੇ ਸਿੰਗਲ ਵਿੰਡੋ ਪ੍ਰਣਾਲੀ ਸਥਾਪਿਤ ਕਰਕੇ ਵੱਖ-ਵੱਖ ਟੀਮਾਂ ਦਾ ਗਠਨ

ਕੀਤਾ ਗਿਆ ਏ ਤਾਂ ਜੋ ਸਮੇਂ ਸਿਰ ਉਮੀਦਵਾਰਾਂ ਨੂੰ ਜਰੂਰੀ ਇਜ਼ਾਜਤ ਜਾਰੀ ਕੀਤੀ ਜਾ ਸਕੇ। ਉਨਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਿੰਗਲ ਵਿੰਡੋ ਟੀਮ ਦੇ ਇੰਚਾਰਜ ਵਧੀਕ ਡਿਪਟੀ ਕਮਿਸ਼ਨਰ ਜਗਜੀਤ ਸਿੰਘ ਨੂੰ ਲਗਾਇਆ ਗਿਆ ਏ ਜਿਨ੍ਹਾਂ ਨਾਲ ਵੱਖ ਵੱਖ ਟੀਮ ਮੈਂਬਰ ਨਿਯੁਕਤ ਕੀਤੇ ਗਏ ਨੇ।

---------------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਠਿੰਡਾ ਸ਼ਹਿਰੀ ਹਲਕੇ ਦੇ ਏ ਆਰ ਓ ਇਨਾਯਤ ਦੇ ਯਤਨਾਂ ਤੇ ਨੋਡਲ ਅਫ਼ਸਰ ਮੀਨਾ ਭਾਰਤੀ ਦੀ ਅਗਵਾਈ ਹੇਠ ਸਰਕਾਰੀ ਪੋਲਟੈਕਨੀਕਲ ਕਾਲਜ ਬਠਿੰਡਾ ਵਿਖੇ ਸਵੀਪ ਗਤੀਵਿਧੀਆਂ ਤਹਿਤ ਕਲ ਇਕ ਕੈਂਪ ਲਗਾਇਆ ਗਿਆ। ਉਨਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰੇਕ ਵੋਟਰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਲਾਜ਼ਮੀ ਕਰੇ ਅਤੇ ਜਿਨ੍ਹਾਂ ਵਿਦਿਆਰਥੀਆਂ ਨੇ ਹਾਲੇ ਤੱਕ ਆਪਣੀ ਵੋਟ ਨਹੀਂ ਬਣਾਈ ਉਹ ਆਪਣੀ ਵੋਟ ਬਣਵਾਉਣਾ ਯਕੀਨੀ ਬਣਾਉਣ। ਇਸ ਤੋਂ ਇਲਾਵਾ ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਵੋਟ ਦਾ ਇਸਤੇਮਾਲ

ਕਰਨ ਲਈ ਵੱਧ ਤੋਂ ਵੱਧ ਪ੍ਰੇਰਿਤ ਕੀਤਾ। ਵੋਟ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਮੀਨਾ ਭਾਰਤੀ ਨੇ ਕਿਹਾ ਕਿ ਸਾਨੂੰ ਸਭ ਨੂੰ ਭਾਰਤੀ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੀ ਵੋਟ ਦੇ ਅਧਿਕਾਰ ਦਾ ਸੁਤੰਤਰ, ਨਿਰਪੱਖ, ਸ਼ਾਂਤਮਈ, ਬਿਨਾਂ ਡਰ ਭੈਅ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨਾਂ ਇਸਤੇਮਾਲ ਕਰਨਾ ਚਾਹੀਦਾ ਏ।

---------------------------------------------------------

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਏ ਸਿੱਖ ਵਿਰਾਸਤ ਸੰਸਥਾ ਬਰੈਂਪਟਨ ਕੈਨੇਡਾ ਦੇ ਆਗੂ ਕੰਵਰ ਸਿੰਘ ਤੇ ਗੁਰਮਨ ਪਾਲ ਸਿੰਘ ਨੇ ਬੀਤੇ ਦਿਨੀਂ ਅੰਮ੍ਰਿਤਸਰ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸਿੱਖ ਮਾਮਲਿਆਂ ਅਤੇ ਧਰਮ ਦੇ ਪ੍ਰਸਾਰ ਪ੍ਰਚਾਰ ਲਈ ਵਿਚਾਰਾਂ ਕੀਤੀਆਂ। ਸਿੱਖ ਵਿਰਾਸਤ ਸੰਸਥਾ ਵੱਲੋਂ ਕੈਨੇਡਾ ਵਿਚ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਉਨਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲ ਰਹੇ ਭਰਵੇਂ

ਸਹਿਯੋਗ ਲਈ ਧੰਨਵਾਦ ਕੀਤਾ। ਕੰਵਰ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਤ ਹੁੰਦਿਆਂ ਕੈਨੇਡਾ ਅੰਦਰ ਅੰਮ੍ਰਿਤ ਸੰਚਾਰ ਸਮਾਗਮ ਕਰਵਾ ਕੇ ਸੰਗਤਾਂ ਨੂੰ ਸਿੱਖੀ ਨਾਲ ਜੋੜਿਆ ਜਾ ਰਿਹਾ ਏ।

----------------------------------------------------

ਪੰਜਾਬ ਕ੍ਰਿਕਟ ਐਸੋਸ਼ੀਏਸ਼ਨ ਦੇ ਯਾਦਵਿੰਦਰ ਸਿੰਘ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਅੱਜ ਆਈ ਪੀ ਐਲ ਦਾ ਇਕ ਮੈਚ ਪੰਜਾਬ ਕਿੰਗਸ ਅਤੇ ਦਿੱਲੀ ਕੈਪੀਟਲ ਦਰਮਿਆਨ ਖੇਡਿਆ ਜਾਵੇਗਾ। ਇਹ ਮੈਚ ਬਾਅਦ ਦੁਪਹਿਰ ਸਾਢੇ ਤਿੰਨ ਵਜੇ ਤੋਂ ਸ਼ੁਰੂ ਹੋਵੇਗਾ। ਮੈਚ ਲਈ ਦੋਹਾਂ ਹੀ ਟੀਮਾਂ ਦੇ ਖਿਡਾਰੀਆਂ ਨੇ ਗਰਾਊਂਡ ਵਿੱਚ ਖ਼ੂਬ ਪ੍ਰੈਕਟਿਸ ਕੀਤੀ। ਚੰਡੀਗੜ ਅਤੇ ਮੋਹਾਲੀ ਪੁਲਿਸ ਨੇ ਇਸ ਮੈਚ ਨੂੰ ਵੇਖਦਿਆਂ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਨੇ। ਸੜਕਾਂ ਤੇ ਟ੍ਰੈਫਿਕ ਸੁਚਾਰੂ ਬਣਾਉਣ ਲਈ ਕਈ ਰੂਟ ਬਦਲੇ ਗਏ ਨੇ।

----------------------------------------------------

ਵਣ ਮੰਡਲ ਅਫਸਰ ਪਵਨ ਸ੍ਰੀਧਰ ਦੀ ਰਹਿਨੁਮਾਈ ਹੇਠ ਵਣ ਵਿਸਥਾਰ ਰੇਂਜ ਸ੍ਰੀ ਮੁਕਤਸਰ ਸਾਹਿਬ ਵੱਲੋਂ ਮਲੋਟ ਵਿਖੇ ਇਕ ਦਿਨ ਦਾ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਸਰਕਾਰੀ ਹਾਈ ਸਕੂਲ ਦਾਨੇਵਾਲਾ ਅਤੇ ਸਰਕਾਰੀ ਮਿਡਲ ਸਕੂਲ ਰੱਥੜੀਆਂ ਦੇ ਬੱਚਿਆਂ ਦੇ ਚਿੱਤਰਕਲਾ, ਭਾਸ਼ਣ ਅਤੇ ਪ੍ਰਸ਼ਨ ਉਤਰ ਮੁਕਾਬਲੇ ਕਰਵਾਏ ਗਏ। ਇਸ ਕੈਂਪ ਵਿੱਚ ਬੱਚਿਆਂ ਨੂੰ ਪੌਦੇ ਲਗਾਉਣ ਸਬੰਧੀ ਪ੍ਰੈਕਟੀਕਲ ਜਾਣਕਾਰੀ ਦਿੱਤੀ ਗਈ । ਸੀਨੀਅਰ ਮੈਡੀਕਲ ਅਫਸਰ ਡਾ. ਸੁਨੀਲ ਬਾਂਸਲ ਨੇ ਦੱਸਿਆ ਕਿ ਸਰਕਾਰੀ ਹਸਪਤਾਲ ਵਿੱਚ ਬੱਚਾ ਪੈਦਾ ਹੋਣ ਤੇ ਹਸਪਤਾਲ ਵੱਲੋਂ ਬੱਚਿਆਂ ਦੇ ਵਾਰਸਾਂ ਨੂੰ ਪੌਦਾ ਦੇ ਕੇ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਅਤੇ ਕੁਦਰਤ ਨਾਲ ਜੋੜਣ ਦੀ ਮੁਹਿੰਮ ਚਲਾਈ ਗਈ ਏ । ਏ.ਐਸ.ਆਈ. ਗੁਰਮੀਤ ਸਿੰਘ ਨੇ ਟਰੈਫਿਕ ਨਿਯਮਾਂ ਬਾਰੇ ਜਦਕਿ ਐਜੂਕੇਸ਼ਨ ਕੋਆਰਡੀਨੇਟਰ ਰਾਜਨ ਗੋਇਲ ਨੇ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਵਿਸ਼ਵ ਜਲ ਦਿਵਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।